# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।
- ਪ੍ਰਧਾਨ ਮੰਤਰੀ ਨੇ ਕੱਪੜਿਆਂ ਦੀ ਰਹਿੰਦ-ਖੂੰਹਦ ਬਾਰੇ ਆਲਮੀ ਚੁਣੌਤੀ 'ਤੇ ਚਰਚਾ ਕਰਦਿਆਂ, ਇਸ ਨਾਲ ਨਜਿੱਠਣ ਲਈ, ਦੇਸ਼ 'ਚ ਕੀਤੇ ਜਾ ਰਹੇ ਉਪਰਾਲਿਆਂ ਦੀ ਕੀਤੀ ਸ਼ਲਾਘਾ।
- ਟੀ.ਬੀ. ਦੇ ਖਾਤਮੇ ਬਾਰੇ ਦੇਸ਼ ਪੱਧਰੀ ਮੁਹਿੰਮ ਵਿੱਚ ਪੰਜਾਬ ਨੇ ਦੂਜਾ ਸਥਾਨ ਹਾਸਲ ਕੀਤਾ।
- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਤੋਂ ਨਰਾਤਿਆਂ ਦੀ ਸ਼ੁਰੂਆਤ।

- ਪੰਜਾਬ ਪੁਲਿਸ ਵੱਲੋਂ ਸਰਹੱਦ ਪਾਰੋਂ ਨਸ਼ਾਂ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ - 6 ਕਿਲੋ ਹੈਰੋਇਨ ਸਮੇਤ ਦੋ ਤਸਕਰਾਂ ਨੂੰ ਕਾਬੂ ਕੀਤਾ।
- ਜਲੰਧਰ ਦੇ ਗੁਰਿੰਦਰ ਵੀਰ ਸਿੰਘ ਨੇ, ਬੰਗਲੁਰੂ ਵਿਚ ਇੰਡੀਅਨ ਗ੍ਰਾਂ-ਪ੍ਰੀ 2025 ਦੌਰਾਨ, 100 ਮੀਟਰ ਦੌੜ, 10.20 ਸਕਿੰਟਾਂ ਵਿੱਚ ਪੂਰੀ ਕਰਕੇ, ਨਵਾਂ ਕੌਮੀ ਰਿਕਾਰਡ ਬਣਾਇਆ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੱਪੜਿਆਂ ਦੀ ਰਹਿੰਦ-ਖੂੰਹਦ ਦੀ ਚੁਣੌਤੀ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇਹ ਪੂਰੀ ਦੁਨੀਆ ਲਈ ਚਿੰਤਾ ਦਾ ਇੱਕ ਵੱਡਾ ਕਾਰਨ ਬਣ ਗਿਆ ਏ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ, ਸ਼੍ਰੀ ਮੋਦੀ ਨੇ ਚਿੰਤਾ ਪ੍ਰਗਟ ਕੀਤੀ ਕਿ ਸਿਰਫ ਇੱਕ ਫੀਸਦੀ ਤੋਂ ਵੀ ਘੱਟ ਕੱਪੜਾ ਰਹਿੰਦ-ਖੂੰਹਦ ਨੂੰ ਨਵੇਂ ਕੱਪੜਿਆਂ ਵਿੱਚ ਮੁੜ ਤੋਂ ਵਰਤਿਆ ਜਾਂਦਾ ਏ। ਉਨ੍ਹਾਂ ਕਿਹਾ, ਭਾਰਤ ਦੁਨੀਆ ਦਾ ਤੀਜਾ ਦੇਸ਼ ਏ ਜਿੱਥੇ ਸਭ ਤੋਂ ਵੱਧ ਕੱਪੜਿਆਂ ਦੀ ਰਹਿੰਦ-ਖੂੰਹਦ ਪੈਦਾ ਹੁੰਦੀ ਏ। ਪ੍ਰਧਾਨ

ਮੰਤਰੀ ਨੇ ਕਿਹਾ ਕਿ ਪੁਰਾਣੇ ਕੱਪੜਿਆਂ ਨੂੰ ਜਲਦੀ ਤੋਂ ਜਲਦੀ ਲਾਹ ਕੇ ਨਵੇਂ ਖਰੀਦਣ ਦਾ ਰੁਝਾਨ ਦੁਨੀਆ ਭਰ ਵਿੱਚ ਵੱਧ ਰਿਹਾ ਏ , ਜਿਸ ਕਾਰਨ ਕੱਪੜਾ ਰਹਿੰਦ-ਖੂੰਹਦ ਵਧ ਰਹੀ ਏ। ਹਾਲਾਂਕਿ, ਉਨ੍ਹਾਂ ਨੇ ਕਿਹਾ ਕਿ ਇਸ ਚੁਣੌਤੀ ਨਾਲ ਨਜਿੱਠਣ ਲਈ ਭਾਰਤ ਵਿੱਚ ਬਹੁਤ ਸਾਰੇ ਸ਼ਲਾਘਾਯੋਗ ਯਤਨ ਕੀਤੇ ਜਾ ਰਹੇ ਨੇ।

**BYTE**

ਪ੍ਰਧਾਨ ਮੰਤਰੀ ਮੋਦੀ ਨੇ ਦੇਖਿਆ ਕਿ ਕੁਝ ਸ਼ਹਿਰ ਕੱਪੜਿਆਂ ਦੀ ਰਹਿੰਦ-ਖੂੰਹਦ ਨਾਲ ਨਜਿੱਠਣ ਵਿੱਚ ਆਪਣੇ ਲਈ ਇੱਕ ਨਵੀਂ ਪਛਾਣ ਵੀ ਬਣਾ ਰਹੇ ਨੇ। ਉਨ੍ਹਾਂ ਹਰਿਆਣਾ ਦੇ ਪਾਣੀਪਤ ਦੀ ਮਿਸਾਲ ਦਿੱਤੀ, ਜੋ ਇੱਕ ਆਲਮੀ ਕੇਂਦਰ ਵਜੋਂ ਉੱਭਰ ਰਿਹਾ ਏ। ਪਾਣੀ ਦੀ ਸੰਭਾਲ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ, ਜਿਵੇਂ ਹੀ ਗਰਮੀਆਂ ਆਉਂਦੀਆਂ ਨੇ ਬਹੁਤ ਸਾਰੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਪਾਣੀ ਬਚਾਉਣ ਦੀਆਂ ਤਿਆਰੀਆਂ ਸ਼ੁਰੂ ਹੋ ਜਾਂਦੀਆਂ ਹਨ। ਉਨ੍ਹਾਂ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਕਈ ਸੂਬਿਆਂ ਵਿੱਚ ਪਾਣੀ ਦੀ ਸੰਭਾਲ ਅਤੇ ਪਾਣੀ ਦੀ ਸੰਭਾਲ ਨਾਲ ਸਬੰਧਤ ਕੰਮਾਂ ਨੇ ਨਵੀਂ ਗਤੀ ਪ੍ਰਾਪਤ ਕੀਤੀ ਏ। ਉਨ੍ਹਾਂ ਕਿਹਾ ਕਿ ਜਲ ਸ਼ਕਤੀ ਮੰਤਰਾਲਾ ਅਤੇ

ਕਈ ਗੈਰ-ਸਰਕਾਰੀ ਸੰਗਠਨ ਇਸ ਦਿਸ਼ਾ ਵਿੱਚ ਕੰਮ ਕਰ ਰਹੇ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ 'ਕੈਚ ਦ ਰੇਨ' ਮੁਹਿੰਮ ਲਈ ਜੰਗੀ ਪੱਧਰ 'ਤੇ ਤਿਆਰੀਆਂ ਕੀਤੀਆਂ ਗਈਆਂ ਨੇ । ਉਨ੍ਹਾਂ ਅੱਗੇ ਕਿਹਾ ਕਿ ਜਲ ਸੰਚਯ-ਜਨ ਭਾਗੀਦਾਰੀ ਅਭਿਆਨ ਵੀ ਵੱਧ ਤੋਂ ਵੱਧ ਲੋਕਾਂ ਨੂੰ ਪਾਣੀ ਦੀ ਸੰਭਾਲ ਨਾਲ ਜੋੜਨ ਲਈ ਚਲਾਇਆ ਜਾ ਰਿਹਾ ਏ ।

BYTE

ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਇੱਕ ਸ਼ੌਕ ਅਪਣਾਉਣ ਅਤੇ ਰਚਨਾਤਮਕ ਕੰਮ ਕਰਨ ਦੀ ਸਲਾਹ ਦਿੱਤੀ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਮਾਂ ਇੱਕ ਨਵਾਂ ਸ਼ੌਕ ਪੈਦਾ ਕਰਨ ਅਤੇ ਹੁਨਰਾਂ ਨੂੰ ਨਿਖਾਰਨ ਦਾ ਏ ।

BYTE

ਉਨ੍ਹਾਂ ਕਿਹਾ ਕਿ ਇਸ ਨਾਲ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਆਸਾਨੀ ਨਾਲ ਜਾਣਕਾਰੀ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ। ਪ੍ਰਧਾਨ ਮੰਤਰੀ ਮੋਦੀ ਨੇ ਨੌਜਵਾਨ ਸਰੋਤਿਆਂ ਨੂੰ ਮਾਈ-ਭਾਰਤ ਦੇ ਵਿਸ਼ੇਸ਼ ਕੈਲੰਡਰ ਬਾਰੇ ਵੀ ਜਾਣਕਾਰੀ ਦਿੱਤੀ, ਜੋ ਇਸ ਗਰਮੀਆਂ ਦੀਆਂ ਛੁੱਟੀਆਂ ਲਈ ਤਿਆਰ

ਕੀਤਾ ਗਿਆ ਏ। ਹਾਲ ਹੀ ਵਿੱਚ ਸਮਾਪਤ ਹੋਈਆਂ ਖੇਲੋ ਇੰਡੀਆ ਪੈਰਾ ਖੇਡਾਂ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਖਿਡਾਰੀਆਂ ਦੀ ਉਨ੍ਹਾਂ ਦੇ ਸਮਰਪਣ ਅਤੇ ਪ੍ਰਤਿਭਾ ਦੀ ਸ਼ਲਾਘਾ ਕੀਤੀ। ਸ਼੍ਰੀ ਮੋਦੀ ਨੇ ਖੇਲੋ ਇੰਡੀਆ ਪੈਰਾ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਸਾਰੇ ਖਿਡਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਵਧਾਈ ਦਿੱਤੀ। ਪ੍ਰਧਾਨ ਮੰਤਰੀ ਨੇ ਦਿੱਲੀ ਵਿੱਚ ਪਹਿਲੇ ਫਿਟ ਇੰਡੀਆ ਈਵੈਂਟ ਬਾਰੇ ਗੱਲ ਕੀਤੀ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਲਗਭਗ 25 ਹਜ਼ਾਰ ਲੋਕਾਂ ਨੇ ਹਿੱਸਾ ਲਿਆ। ਇਸ ਦਾ ਉਦੇਸ਼ ਲੋਕਾਂ ਨੂੰ ਤੰਦਰੁਸਤ ਰਹਿਣ ਬਾਰੇ ਜਾਗਰੂਕ ਕਰਨਾ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਹੁਣ ਸਵਦੇਸ਼ੀ ਖੇਡਾਂ ਵੀ ਮਕਬੂਲ ਹੋ ਰਹੀਆਂ ਨੇ। ਉਨ੍ਹਾਂ ਨੇ ਉੱਘੇ ਰੈਪਰ ਹਨੂੰਮਾਨ ਕਾਈਂਡ ਦੇ ਨਵੇਂ ਗੀਤ 'ਰਨ ਇਟ ਅੱਪ' ਬਾਰੇ ਗੱਲ ਕੀਤੀ, ਜੋ ਅੱਜਕੱਲ੍ਹ ਬਹੁਤ ਮਸ਼ਹੂਰ ਹੋ ਰਿਹਾ ਏ। ਤੰਦਰੁਸਤੀ ਦੇ ਵਿਸ਼ੇ 'ਤੇ, ਸ਼੍ਰੀ ਮੋਦੀ ਨੇ ਕਿਹਾ ਕਿ ਇਨ੍ਹੀਂ ਦਿਨੀਂ ਗਿਣਤੀ ਵੀ ਇੱਕ ਵੱਡੀ ਭੂਮਿਕਾ ਨਿਭਾ ਰਹੀ ਏ , ਭਾਵੇਂ ਉਹ ਕਦਮਾਂ ਦੀ ਗਿਣਤੀ ਹੋਵੇ ਜਾਂ ਕੈਲੋਰੀ ਦੀ ਗਿਣਤੀ। ਉਨ੍ਹਾਂ ਲੋਕਾਂ ਨੂੰ ਯੋਗ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਾਲ ਅੰਤਰ-

ਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ 'ਇੱਕ ਧਰਤੀ, ਇੱਕ ਸਿਹਤ ਲਈ ਯੋਗ' ਏ। ਸ਼੍ਰੀ ਮੋਦੀ ਨੇ ਅੱਜ ਤੋਂ ਸ਼ੁਰੂ ਹੋਏ ਨਰਾਤਿਆਂ ਦੇ ਮੌਕੇ 'ਤੇ ਪੂਰੇ ਦੇਸ਼ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ। ਭਾਰਤੀ ਨਵਾਂ ਸਾਲ ਵੀ ਅੱਜ ਤੋਂ ਸ਼ੁਰੂ ਹੋ ਰਿਹਾ ਏ। ਪ੍ਰਧਾਨ ਮੰਤਰੀ ਨੇ ਦੇਸ਼ ਦੇ ਲੋਕਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਤਿਓਹਾਰ ਦਿਖਾਉਂਦੇ ਨੇ ਕਿ ਭਾਰਤ ਦੀ ਵੰਨਸੁਵੰਨਤਾ ਵਿੱਚ ਏਕਤਾ ਕਿਵੇਂ ਬੁਣੀ ਹੋਈ ਏ।

---------------------------------------------------

ਪਜਾਬ ਨੇ ਵਿਸ਼ਵ ਟੀ.ਬੀ. ਦਿਵਸ 'ਤੇ ਭਾਰਤ ਸਰਕਾਰ ਦੁਆਰਾ ਟੀ.ਬੀ. ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 100 ਦਿਨਾ ਮੁਹਿੰਮ "ਟੀ.ਬੀ. ਮੁਕਤ ਭਾਰਤ ਅਭਿਆਨ" ਵਿੱਚ ਦੇਸ਼ ਭਰ 'ਚੋਂ ਦੂਜਾ ਸਥਾਨ ਪ੍ਰਾਪਤ ਕਰਕੇ TB ਵਿਰੁੱਧ ਆਪਣੀ ਲੜਾਈ ਵਿੱਚ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਏ। ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਕਰਵਾਏ ਗਏ ਸ਼ਾਨਦਾਰ ਸਮਾਗਮ ਦੌਰਾਨ ਟੀ.ਬੀ ਦੇ ਮਾਮਲਿਆਂ ਦੀ ਜਾਂਚ, ਖੋਜ ਅਤੇ ਇਲਾਜ ਵਿੱਚ ਸੂਬੇ ਦੇ ਅਣਥੱਕ ਯਤਨਾਂ ਨੂੰ ਮਾਨਤਾ ਦਿੱਤੀ ਅਤੇ ਸਟੇਟ ਟੀਬੀ ਅਫ਼ਸਰ ਡਾ. ਰਾਜੇਸ਼ ਭਾਸਕਰ ਨੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ

ਮੰਤਰੀ ਜੇ.ਪੀ ਨੱਢਾ ਤੋਂ ਉਪਲਬਧੀ  ਸਰਟੀਫਿਕੇਟ ਪ੍ਰਾਪਤ ਕੀਤਾ। ਪਿਛਲੇ ਸਾਲ  7 ਦਸੰਬਰ ਨੂੰ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੁਆਰਾ ਅੰਮ੍ਰਿਤਸਰ ਵਿੱਚ ਸ਼ੁਰੂ ਕੀਤੀ ਗਈ ਇਸ ਮੁਹਿੰਮ ਦਾ ਉਦੇਸ਼ ਸੰਵੇਦਨਸ਼ੀਲ ਆਬਾਦੀ ਲਈ ਜਲਦ ਤੋਂ ਜਲਦ ਸਕ੍ਰੀਨਿੰਗ, ਜਾਂਚ ਅਤੇ ਬਿਹਤਰ ਦੇਖਭਾਲ ਰਾਹੀਂ ਟੀਬੀ ਦੇ ਖਾਤਮੇ ਨੂੰ ਯਕੀਨੀ ਬਣਾਉਣਾ ਸੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਨ੍ਹਾਂ 100 ਦਿਨਾਂ ਦੌਰਾਨ, ਪੰਜਾਬ ਭਰ ਵਿੱਚ ਸਿਹਤ ਟੀਮਾਂ ਨੇ ਲਗਭਗ 28 ਲੱਖ ਉੱਚ-ਜੋਖਮ ਵਾਲੇ ਵਿਅਕਤੀਆਂ ਦੀ ਜਾਂਚ ਕੀਤੀ, ਜਿਸ ਦੌਰਾਨ 17 ਹਜ਼ਾਰ 300 ਟੀਬੀ ਮਰੀਜ਼ਾਂ ਦੀ ਪਛਾਣ ਹੋਈ, ਜਿਨ੍ਹਾਂ ਨੂੰ ਸਮੇਂ ਸਿਰ ਇਲਾਜ ਅਤੇ ਪੋਸ਼ਣ ਸਹਾਇਤਾ ਪ੍ਰਦਾਨ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਦੌਰਾਨ ਰੋਕਥਾਮ ਉਪਾਵਾਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਗਿਆ, ਜਿਸ ਵਿੱਚ ਨਵੀਆਂ ਇਨਫੈਕਸ਼ਨਾਂ ਨੂੰ ਰੋਕਣ ਲਈ ਸੰਪਰਕਾਂ ਅਤੇ ਜੋਖਮ ਵਾਲੇ ਸਮੂਹਾਂ ਲਈ ਟੀਬੀ ਰੋਕਥਾਮ ਥੈਰੇਪੀ ਦੇਣਾ ਸ਼ਾਮਲ ਏ । ਸਿਹਤ ਮੰਤਰੀ ਨੇ ਇਸ ਪ੍ਰਾਪਤੀ ਦਾ ਸਿਹਰਾ ਮੋਹਰਲੀ ਕਤਾਰ ਵਾਲੇ ਸਿਹਤ ਕਰਮਚਾਰੀਆਂ ਦੇ ਸਮਰਪਣ ਨੂੰ ਦਿੱਤਾ।

--------------------------------------------------------------

ਦੇਸ਼ ਭਰ ਦੇ ਮੰਦਰਾਂ ਵਿੱਚ ਅੱਜ 9 ਦਿਨਾਂ ਚੇਤ ਦੇ ਨਰਾਤਿਆਂ ਦਾ ਤਿਉਹਾਰ ਸ਼ੁਰੂ ਹੋ ਗਿਆ। ਇਹ ਤਿਉਹਾਰ ਦੇਵੀ ਦੁਰਗਾ ਦੇ ਨੌਂ ਅਵਤਾਰਾਂ ਦੀ ਪੂਜਾ ਨੂੰ ਸਮਰਪਿਤ ਏ। ਇਹ ਨੌ ਦਿਨਾਂ ਦਾ ਤਿਉਹਾਰ ਭਗਵਾਨ ਰਾਮ ਦੇ ਜਨਮ ਦਿਨ ਰਾਮ ਨੌਮੀ ਦੇ ਦਿਨ ਸੰਪੂਰਨ ਹੁੰਦਾ ਏ।

**ਪੇਸ਼ ਏ ਇਕ ਰਿਪੋਰਟ**

ਆਕਾਸ਼ਵਾਣੀ  ਦਾ ਅਰਾਧਨਾ ਯੂਟਿਊਬ ਚੈਨਲ ਅੱਜ ਤੋਂ 6 ਅਪ੍ਰੈਲ ਤੱਕ ਨਵਰਾਤਰੀ ਲਈ ਵਿਸ਼ੇਸ਼ ਪ੍ਰੋਗਰਾਮਾਂ ਦੀ ਇੱਕ ਲੜੀ  ਪੇਸ਼ ਕਰ ਰਿਹਾ ਏ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਅਨੂਪ ਜਲੋਟਾ, ਨਰਿੰਦਰ ਚੰਚਲ, ਜਗਜੀਤ ਸਿੰਘ, ਹਰੀ ਓਮ ਸ਼ਰਨ, ਮਹਿੰਦਰ ਕਪੂਰ ਅਤੇ ਅਨੁਰਾਧਾ ਪੌਡਵਾਲ ਦੁਆਰਾ ਪੇਸ਼ ਕੀਤੇ ਗਏ ਨਾਵ੍ਰਤਿਆਂ ਦੇ  ਭਜਨ ਹੋਣਗੇ। ਚੈਨਲ ਦੇਸ਼ ਭਰ ਵਿੱਚ ਵੱਖ-ਵੱਖ ਸ਼ਕਤੀ ਪੀਠਾਂ 'ਤੇ ਵਿਸ਼ੇਸ਼ ਫੀਚਰ ਵੀ ਪੇਸ਼ ਕਰੇਗਾ।

--------------------------------------------------------------

ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਅਤੇ ਸੀਨੀਅਰ ਆਗੂ ਮਨੀਸ਼

ਸਿਸੋਦੀਆ ਨੇ ਨਵਰਾਤਰੀ ਦੇ ਪਹਿਲੇ ਦਿਨ ਪਟਿਆਲਾ ਦੇ ਕਾਲੀ ਮਾਤਾ ਮੰਦਰ ਵਿੱਚ ਮੱਥਾ ਟੇਕਿਆ ਅਤੇ ਪੰਜਾਬ ਦੀ ਖੁਸ਼ਹਾਲੀ,ਅਤੇ ਨਸ਼ਿਆਂ ਵਿਰੁੱਧ ਲੜਾਈ ਵਿਚ ਬਲ ਦੀ ਅਰਦਾਸ ਕੀਤੀ । ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੀ ਉਨ੍ਹਾਂ ਨਾਲ ਮੌਜੂਦ ਰਹੇ ।

-----------------------------------------------------------

ਪੰਜਾਬ ਸਰਕਾਰ ਵੱਲੋਂ 'ਆਰੰਭ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾ ਰਹੀ ਏ । ਜਿਸਦਾ ਉਦੇਸ਼ ਮਾਪਿਆਂ ਨੂੰ ਸਰਲ, ਖੇਡ-ਅਧਾਰਤ ਗਤੀਵਿਧੀਆਂ ਰਾਹੀਂ ਆਪਣੇ ਬੱਚਿਆਂ ਦੀ ਸਿੱਖਣ ਯਾਤਰਾ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕਰਨਾ ਏ । ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਹ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਹ ਪ੍ਰੋਗਰਾਮ ਬੱਚਿਆਂ ਦੀ ਬੁਨਿਆਦੀ ਸਿੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਹਿਲੇ ਗੇੜ ਵਿੱਚ, 'ਆਰੰਭ' ਪ੍ਰੋਗਰਾਮ ਅੱਠ ਜ਼ਿਲ੍ਹਿਆਂ ਲੁਧਿਆਣਾ, ਐਸ ਏ ਐਸ ਨਗਰ, ਪਟਿਆਲਾ, ਸੰਗਰੂਰ, ਸ੍ਰੀ ਮੁਕਤਸਰ

ਸਾਹਿਬ, ਤਰਨਤਾਰਨ, ਰੋਪੜ ਅਤੇ ਅੰਮ੍ਰਿਤਸਰ ਵਿੱਚ ਲਾਗੂ ਕੀਤਾ ਜਾਵੇਗਾ । ਇਹ ਪ੍ਰੋਗਰਾਮ ਜਲਦ ਸ਼ੁਰੂ ਹੋਣ ਦੀ ਉਮੀਦ ਏ ਅਤੇ ਭਵਿੱਖ ਵਿੱਚ ਸੂਬੇ ਭਰ ਵਿੱਚ ਵਿਸਥਾਰ ਲਈ ਇੱਕ ਮਾਡਲ ਵਜੋਂ ਕੰਮ ਕਰੇਗਾ। ਮੰਤਰੀ ਨੇ ਕਿਹਾ ਕਿ 'ਆਰੰਭ' ਪ੍ਰੋਗਰਾਮ ਮਾਪਿਆਂ ਅਤੇ ਬੱਚਿਆਂ ਲਈ ਦਿਲਚਸਪ ਅਤੇ ਇੰਟਰਐਕਟਿਵ ਸਿੱਖਣ ਗਤੀਵਿਧੀਆਂ ਰਾਹੀਂ ਇੱਕ ਅਜਿਹਾ ਸਹਾਇਕ ਵਾਤਾਵਰਣ ਬਣਾਏਗਾ, ਜੋ ਬੱਚਿਆਂ ਦੇ ਬੌਧਿਕ, ਭਾਵਨਾਤਮਕ ਅਤੇ ਸਮਾਜਿਕ ਵਿਕਾਸ ਨੂੰ ਉਤਸ਼ਾਹਿਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਪੰਜਾਬ ਸਰਕਾਰ ਦੀ ਬੁਨਿਆਦੀ ਸਿੱਖਿਆ ਨੂੰ ਮਜ਼ਬੂਤ ਬਣਾਉਣ ਅਤੇ ਪਰਿਵਾਰਾਂ ਨੂੰ ਆਪਣੇ ਬੱਚਿਆਂ ਦੀ ਅਕਾਦਮਿਕ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਡਾ. ਬਲਜੀਤ ਕੌਰ ਨੇ ਮਾਪਿਆਂ ਅਤੇ ਸਿੱਖਿਅਕਾਂ ਨੂੰ ਸ਼ੁਰੂਆਤੀ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਸ ਪਹਿਲਕਦਮੀ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ।

------------------------------------------------

ਤਰਨਤਾਰਨ ਪੁਲਿਸ ਨੇ 6 ਕਿਲੋ ਹੈਰੋਇਨ ਸਮੇਤ ਦੋ ਨਸ਼ਾ ਤਸਕਰਾਂ ਨੂੰ

ਗ੍ਰਿਫ਼ਤਾਰ ਕਰਕੇ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਚੰਡੀਗੜ੍ਹ ਵਿਚ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਜ਼ਿਲੇ ਦੇ ਪਿੰਡ ਠੱਠੀ ਸੋਹਲ ਵਾਸੀ ਹਰਦੀਪ ਸਿੰਘ ਉਰਫ਼ ਦੀਪ ਅਤੇ ਹਰਜੀਤ ਸਿੰਘ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਵਰਤੀ ਜਾ ਰਹੀ ਉਨ੍ਹਾਂ ਦੀ ਕਾਰ ਨੂੰ ਵੀ ਜ਼ਬਤ ਕੀਤਾ ਏ । ਡੀ.ਜੀ.ਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਅਧਾਰਿਤ ਤਸਕਰ , ਸਰਹੱਦ ਪਾਰੋਂ ਨਸ਼ਿਆਂ ਦੀਆਂ ਖੇਪਾਂ ਪਹੁੰਚਾਉਣ ਵਾਲੇ ਬਿੱਲਾ ਅਤੇ ਸ਼ਾਹ ਦੇ ਸਿੱਧੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਖੇਪਾਂ ਡਰੋਨ ਦੀ ਮਦਦ ਨਾਲ ਭੇਜੀਆਂ ਜਾ ਰਹੀਆਂ ਸਨ। ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਏ । ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਏ । ਡੀ.ਆਈ.ਜੀ ਹਰਮਨ-ਬੀਰ ਸਿੰਘ ਗਿੱਲ ਨੇ ਕਿਹਾ ਕਿ ਇਨ੍ਹਾਂ ਮੁਲਜ਼ਮਾਂ ਨੂੰ ਤਰਨਤਾਰਨ ਦੇ ਪਿੰਡ ਭੂਸੇ

ਦੇ ਖੇਤਰ ਵਿੱਚੋਂ ਗ੍ਰਿਫ਼ਤਾਰ ਕੀਤਾ ਗਿਆ ਏ । ਇਸ ਸਬੰਧੀ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ ।

------------------------------------------------------------

ਜਲੰਧਰ ਦੇ ਗੁਰਿੰਦਰ ਵੀਰ ਸਿੰਘ ਨੇ ਸ਼ੁੱਕਰਵਾਰ ਨੂੰ ਬੰਗਲੁਰੂ ਦੇ ਭਾਰਤੀ ਖੇਡ ਅਥਾਰਟੀ ਕੰਪਲੈਕਸ ਵਿਖੇ ਆਯੋਜਿਤ ਇੰਡੀਅਨ ਗ੍ਰਾਂ-ਪ੍ਰੀ 1 2025 ਐਥਲੈਟਿਕਸ ਮੀਟ ਦੌਰਾਨ, 100 ਮੀਟਰ ਦੌੜ, 10.20 ਸਕਿੰਟਾਂ ਵਿੱਚ ਪੂਰੀ ਕਰਕੇ ਇੱਕ ਨਵਾਂ ਰਾਸ਼ਟਰੀ ਰਿਕਾਰਡ ਬਣਾਇਆ ਏ । ਉਨ੍ਹਾਂ ਸਾਲ 2023 ਵਿੱਚ ਮਣੀਕਾਂਤਾਂ ਐਚ ਹੋਬ-ਲਿਧਰ ਵਲੋਂ ਬਣਾਏ ਗਏ 10.23 ਸਕਿੰਟਾਂ ਦੇ ਰਾਸ਼ਟਰੀ ਰਿਕਾਰਡ ਨੂੰ ਤੋੜਿਆ। **ਹੋਰ ਵੇਰਵੇ ਨਾਲ ਇਕ ਰਿਪੋਰਟ**

------------------------------------------------------------

## ਆਖਿਰ ਚ ਖਾਸ ਖਬਰਾਂ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ।

- ਪ੍ਰਧਾਨ ਮੰਤਰੀ ਨੇ ਕੱਪੜਿਆਂ ਦੀ ਰਹਿੰਦ-ਖੂੰਹਦ ਬਾਰੇ ਆਲਮੀ ਚੁਣੌਤੀ 'ਤੇ ਚਰਚਾ ਕਰਦਿਆਂ, ਇਸ ਨਾਲ ਨਜਿੱਠਣ ਲਈ, ਦੇਸ਼ 'ਚ ਕੀਤੇ ਜਾ ਰਹੇ ਉਪਰਾਲਿਆਂ ਦੀ ਕੀਤੀ ਸ਼ਲਾਘਾ।
- ਟੀ.ਬੀ. ਦੇ ਖਾਤਮੇ ਬਾਰੇ ਦੇਸ਼ ਪੱਧਰੀ ਮੁਹਿੰਮ ਵਿੱਚ ਪੰਜਾਬ ਨੇ ਦੂਜਾ ਸਥਾਨ ਹਾਸਲ ਕੀਤਾ।
- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਤੋਂ ਨਰਾਤਿਆਂ ਦੀ ਸ਼ੁਰੂਆਤ।
- ਪੰਜਾਬ ਪੁਲਿਸ ਵੱਲੋਂ ਸਰਹੱਦ ਪਾਰੋਂ ਨਸ਼ਾਂ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ - 6 ਕਿਲੋ ਹੈਰੋਇਨ ਸਮੇਤ ਦੋ ਤਸਕਰਾਂ ਨੂੰ ਕਾਬੂ ਕੀਤਾ।
- ਜਲੰਧਰ ਦੇ ਗੁਰਿੰਦਰ ਵੀਰ ਸਿੰਘ ਨੇ, ਬੰਗਲੁਰੂ ਵਿਚ ਇੰਡੀਅਨ ਗ੍ਰਾਂ-ਪ੍ਰੀ 2025 ਦੌਰਾਨ, 100 ਮੀਟਰ ਦੌੜ, 10.20 ਸਕਿੰਟਾਂ ਵਿੱਚ ਪੂਰੀ ਕਰਕੇ, ਨਵਾਂ ਕੌਮੀ ਰਿਕਾਰਡ ਬਣਾਇਆ।